# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 03-02-2025**

- ਕੇਂਦਰੀ ਰੇਲ ਮੰਤਰੀ ਨੇ ਦਸਿਆ ਏ ਕਿ ਪੰਜਾਬ ਵਿਚ 2014 ਤੋਂ ਲੈਕੇ ਹੁਣ ਤਕ 382 ਕਿਲੋਮੀਟਰ ਲੰਬੇ ਨਵੇਂ ਰੇਲ ਟ੍ਰੈਕ ਬਣਾਏ ਗਏ ਨੇ -ਇਹ ਲੰਬਾਈ ਫਿਲੀਪੀਂਨਸ ਵਿਚ ਬਣੇ, ਪੂਰੇ ਰੇਲ ਨੈਟਵਰਕ ਤੋਂ ਵੱਧ ਏ।
- ਪੰਜਾਬ ਸਰਕਾਰ ਵੱਲੋਂ ਬਜ਼ੁਰਗ ਪੈਨਸ਼ਨ ਧਾਰਕਾਂ ਨੂੰ ਪਿਛਲੇ ਸਾਲ ਦਸੰਬਰ ਮਹੀਨੇ ਤੱਕ, ਤਿੰਨ ਹਾਜ਼ਰ 368 ਕਰੋੜ 89 ਲਖ ਰੁਪਏ ਪੈਨਸ਼ਨ ਰਾਸ਼ੀ ਵੰਡੀ ਗਈ ।
- ਪੰਜਾਬ ਬਾਲ ਅਧਿਕਾਰ ਕਮਿਸ਼ਨ ਨੇ ਪਟਿਆਲਾ ਵਿਚ 10 ਸਾਲਾਂ ਬੱਚੇ 'ਤੇ ਹੋਏ ਤਸ਼ੱਦਦ ਦਾ ਗੰਭੀਰ ਨੋਟਿਸ ਲਿਆ-ਮੁਲਜ਼ਮਾਂ ਖਿਲਾਫ਼ ਸਖਤ ਕਰਵਾਈ ਦੇ ਨਿਰਦੇਸ਼ ਦਿੱਤੇ।

- ਬਰਨਾਲਾ ਪੁਲਿਸ ਨੇ ਲੁਟਾਂ ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ 15 ਮੁਲਜ਼ਮਾਂ ਨੂੰ ਨਜਾਇਜ਼ ਅਸਲੇ ਅਤੇ ਹਥਿਆਰਾਂ ਸਮੇਤ ਕਾਬੂ ਕੀਤਾ ਏ।
- ਉੱਤਰਾਖੰਡ ਵਿਚ ਚਲ ਰਹੀਆਂ ਰਾਸ਼ਟਰੀ ਖੇਡਾਂ'ਚ ਅੱਜ ਪੰਜਾਬ ਦੀ ਸਿਫਤ ਕੌਰ ਸਮਰਾ ਅਤੇ ਅੰਜੁਮ ਮੁਦਗਿਲ ਨੇ 50 ਮੀਟਰ ਰਾਇਫ਼ਲ ਮੁਕਾਬਲੇ 'ਚ ਸੋਨੇ ਅਤੇ ਚਾਂਦੀ ਦਾ ਤਮਗਾ ਜਿੱਤਿਆ ਜਦਕਿ ਵੇਟਲਿਫਟਿੰਗ 'ਚ ਵੀ ਪੰਜਾਬ ਦੀ ਮਹਿਕ ਸ਼ਰਮਾ ਨੇ ਸੋਨ ਤਮਗਾ ਹਾਸਿਲ ਕੀਤਾ।

---------------------------------------------------

ਭਾਰਤੀ ਰੇਲਵੇ ਵੱਲੋਂ ਪੰਜਾਬ ਵਿੱਚ ਸਾਲ 2014 ਤੋਂ ਲੈ ਕੇ ਹੁਣ ਤੱਕ 382 ਕਿਲੋਮੀਟਰ ਰੇਲਵੇ ਟਰੈਕ ਦਾ ਨਿਰਮਾਣ ਕੀਤਾ ਗਿਆ ਏ ਸੂਬੇ ਵਿੱਚ ਰੇਲਵੇ ਟਰੈਕ ਦੀ ਨਿਰਮਾਣ ਕੀਤੀ ਗਈ ਇਹ ਲੰਬਾਈ ਪੂਰੇ ਫਿਲੀਪੀਨਸ ਦੇਸ਼ ਵਿੱਚ ਵਿਛੀਆਂ ਰੇਲਵੇ ਲਾਈਨਾਂ ਤੋਂ ਵੱਧ ਏ। ਇਸ ਸਮੇਂ ਦੌਰਾਨ 35 ਨਵੀਆਂ ਰੇਲਵੇ ਲਾਈਨਾਂ ਵਿਛਾਈਆਂ ਗਈਆਂ ਨੇ

ਕੇਂਦਰੀ ਰੇਲ ਮੰਤਰੀ  ਅਸ਼ਵਨੀ ਵੈਸ਼ਨਵ ਨੇ ਅੱਜ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਲ 2009 ਤੋਂ 14 ਤੱਕ ਪੰਜਾਬ ਲਈ ਮਿਲੇ 225 ਕਰੋੜ ਬਜਟ ਦੇ ਮੁਕਾਬਲੇ 2025-26 ਲਈ ਕੁੱਲ 5421 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ। ਰੇਲਵੇ ਮੰਤਰੀ ਨੇ ਦੱਸਿਆ ਕਿ ਪੰਜਾਬ ਵਿੱਚ ਕੁੱਲ 30 ਰੇਲਵੇ ਸਟੇਸ਼ਨਾਂ ਨੂੰ ਅੰਮ੍ਰਿਤ ਸਟੇਸ਼ਨਾਂ ਵਜੋਂ ਵਿਕਸਿਤ ਕੀਤਾ ਜਾਵੇਗਾ। ਜਿਨਾਂ ਵਿੱਚ ਜਲੰਧਰ ਕੈਂਟ ਅਤੇ ਜਲੰਧਰ ਸ਼ਹਿਰ ਸਮੇਤ ਅੰਮ੍ਰਿਤਸਰ ਅਨੰਦਪੁਰ ਸਾਹਿਬ ਸਰਹੰਦ ਅਤੇ ਬਿਆਸ ਵੀ ਸ਼ਾਮਿਲ ਨੇ।

---------------------------------------------------

ਪੰਜਾਬ ਸਰਕਾਰ ਵੱਲੋਂ ਬਜ਼ੁਰਗ ਪੈਨਸ਼ਨ ਧਾਰਕਾਂ ਨੂੰ ਪਿਛਲੇ ਸਾਲ ਦਸੰਬਰ ਮਹੀਨੇ ਤੱਕ ਦੀ ਪੈਨਸ਼ਨ ਰਾਸ਼ੀ ਦੇ ਤਿੰਨ ਹਾਜ਼ਰ 368 ਕਰੋੜ 89 ਲਖ ਰੁਪਏ ਵੰਡੇ ਜਾ ਚੁੱਕੇ ਨੇ । ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੂਬੇ ਵਿੱਚ ਵੱਖ-ਵੱਖ ਵਰਗਾਂ ਦੇ ਕੁੱਲ 34 ਲੱਖ ਲਾਭਪਾਤਰੀ ਨੇ  ਜਿਨ੍ਹਾਂ ਵਿੱਚ ਬਜ਼ੁਰਗ, ਦਿਵਿਆਂਗ, ਵਿਧਵਾ ਤੇ ਬੇਸਹਾਰਾ ਔਰਤਾਂ ਅਤੇ

ਆਸ਼ਰਿਤ ਬੱਚੇ ਸ਼ਾਮਲ ਹਨ। ਸੂਬੇ ਵਿੱਚ ਕੁੱਲ 22 ਲੱਖ 68 ਹਜ਼ਾਰ ਬਜ਼ੁਰਗ ਲਾਭਪਾਤਰੀ ਨੇ ਜਿਨ੍ਹਾਂ ਨੂੰ ਮਹੀਨਾ ਦਸੰਬਰ 2024 ਤੱਕ ਦੀ ਪੈਨਸ਼ਨ ਰਾਸ਼ੀ ਵੰਡੀ ਗਈ ਏ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਨੇ ਵੱਖ-ਵੱਖ ਪੈਨਸ਼ਨ ਸਕੀਮਾਂ ਲਈ ਕੁੱਲ 5 ਹਜ਼ਾਰ 924 ਕਰੋੜ 50 ਲਖ ਰੁਪਏ ਦਾ ਬਜਟ ਰਾਖਵਾਂ ਰੱਖਿਆ ਏ ਜਿਸ ਵਿੱਚੋਂ ਬੁਢਾਪਾ ਪੈਨਸ਼ਨ ਲਈ ਚਾਲੂ ਸਾਲ ਦੌਰਾਨ 4000 ਕਰੋੜ ਰੁਪਏ ਦੇ ਬਜਟ ਦਾ ਉਪਬੰਧ ਕੀਤਾ ਗਿਆ ਏ। ਕੈਬਨਿਟ ਮੰਤਰੀ ਨੇ ਦੱਸਿਆ ਕਿ 65 ਜਾਂ ਉਸ ਤੋਂ ਉਪਰ ਉਮਰ ਦੇ ਬਜ਼ੁਰਗ ਵਿਅਕਤੀ ਅਤੇ 58 ਸਾਲ ਜਾਂ ਉਸ ਤੋਂ ਉਪਰ ਉਮਰ ਦੀਆਂ ਮਹਿਲਾਵਾਂ, ਜਿਨ੍ਹਾਂ ਦੀ ਸਾਲਾਨਾ ਆਮਦਨ 60,000 ਰੁਪਏ ਤੋਂ ਵੱਧ ਨਾ ਹੋਵੇ, ਇਸ ਯੋਜਨਾ ਦਾ ਲਾਭ ਲੈਣ ਦੇ ਯੋਗ ਨੇ। ਮੰਤਰੀ ਨੇ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਂਦੀ ਏ।

---------------------------------------------------

ਪੰਜਾਬ ਬਾਲ ਅਧਿਕਾਰ ਕਮਿਸ਼ਨ ਦੇ ਚੇਅਰਮੈਨ ਕੰਵਰਦੀਪ ਸਿੰਘ ਨੇ ਪਟਿਆਲਾ ਦੀ ਰਿਸ਼ੀ ਕਲੋਨੀ ਵਿਖੇ 10 ਸਾਲਾਂ ਬੱਚੇ ਉਤੇ ਹੋਏ ਤਸ਼ੱਦਦ ਦੀ ਵੱਖ ਵੱਖ ਚੈਨਲਾਂ 'ਤੇ ਚੱਲ ਰਹੀ ਖਬਰ ਦੇ ਮਾਮਲੇ 'ਤੇ ਨੋਟਿਸ ਲਿਆ ਏ। ਉਨ੍ਹਾਂ ਸਰਕਾਰੀ ਰਜਿੰਦਰਾ ਹਸਪਤਾਲ ਵਿਖੇ ਪੀੜਤ ਜੇਰੇ

ਇਲਾਜ ਬੱਚੇ ਨਾਲ ਮੁਲਾਕਾਤ ਕੀਤੀ ਅਤੇ ਹਾਲ  ਜਾਣਿਆ। ਉਨ੍ਹਾਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਤੇ ਐਸ.ਐਸ.ਪੀ. ਡਾ. ਨਾਨਕ ਸਿੰਘ ਮੀਟਿੰਗ ਕਰਕੇ ਮੁਲਜ਼ਮਾਂ  ਖਿਲਾਫ਼ ਸਖਤ ਕਰਵਾਈ ਦੇ ਨਿਰਦੇਸ਼ ਦਿੱਤੇ।  ਉਨ੍ਹਾਂ ਦੇ ਨਾਲ ਸੰਯੁਕਤ ਡਾਇਰੈਕਟਰ ਰਾਜਵਿੰਦਰ ਸਿੰਘ ਗਿੱਲ ਵੀ ਮੌਜੂਦ ਸਨ। ਚੇਅਰਮੈਨ ਕੰਵਰਦੀਪ ਸਿੰਘ ਨੇ ਇਸ ਬੱਚੇ ਨੂੰ ਗਰਮ ਪ੍ਰੈਸ ਲਗਾਉਣ ਦੀ  ਇਸ ਗ਼ੈਰ-ਮਨੁੱਖੀ ਘਟਨਾ 'ਤੇ ਦੁੱਖ ਪ੍ਰਗਟਾਉਂਦਿਆਂ ਕਿਹਾ ਕਿ ਕਮਿਸ਼ਨ ਅਜਿਹੇ ਮਾਮਲਿਆਂ ਨਾਲ ਸਖਤੀ ਨਾਲ ਨਜਿੱਠੇਗਾ। ਉਨ੍ਹਾਂ ਨੇ ਘਟਨਾ ਲਈ ਮੁਲਜ਼ਮਾਂ  ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਦੇ ਹੁਕਮ ਦਿੱਤੇ ਅਤੇ ਪੁਲਿਸ ਨੂੰ ਕਿਸੇ ਵੀ ਮੁਲਜ਼ਮ ਨੂੰ ਨਾ ਬਖਸ਼ਣ ਲਈ ਕਿਹਾ । ਉਨ੍ਹਾਂ  ਕਿਹਾ ਕਿ ਕਮਿਸ਼ਨ ਵੱਲੋਂ ਅਜਿਹੀ ਘਟਨਾ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਮੁਲਜ਼ਮਾਂ  ਲਈ ਮਿਸਾਲੀ ਸਜ਼ਾ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਦਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਮੁੱਖ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਏ ।

---------------------------------------------------------------------

ਜ਼ਿਲਾ ਪਠਾਨਕੋਟ ਵਿਖੇ ਸਾਈਬਰ ਕਰਾਈਮ ਥਾਣੇ ਦੀ ਸ਼ੁਰੂਆਤ ਕੀਤੀ ਗਈ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਅੱਜ ਪਠਾਨਕੋਟ ਦਾ ਦੌਰਾ ਕੀਤਾ ਅਤੇ ਸਾਈਬਰ ਕਰਾਈਮ ਥਾਣੇ ਦੀ ਸ਼ੁਰੂਆਤ ਕੀਤੀ । ਉਨ੍ਹਾਂ ਭਾਰਤ-ਪਾਕਿਸਤਾਨ ਸਰਹਦ 'ਤੇ ਵੀ ਸੁਰਖਿਆ ਦਾ ਜਾਇਜਾ ਵੀ ਲਿਆ । ਗੌਰਵ ਯਾਦਵ ਨੇ ਦੱਸਿਆ ਕਿ ਪਠਾਨਕੋਟ ਵਿਖੇ ਸਾਈਬਰ ਕ੍ਰਾਈਮ ਨਾਲ ਨਜਿੱਠਣ ਦੇ ਲਈ ਅੱਜ ਸਾਈਬਰ ਕ੍ਰਾਈਮ ਥਾਣੇ ਦੀ ਸ਼ੁਰੂਆਤ ਕੀਤੀ ਗਈ ਏ ਅਤੇ ਸੂਬੇ ਦੇ ਹਰ ਜ਼ਿਲ੍ਹੇ ਚ ਇੱਕ ਸਾਈਬਰ ਥਾਣਾ ਖੋਲਿਆ ਜਾਵੇਗਾ। ਉਹਨਾਂ ਦੱਸਿਆ ਕਿ  ਪੂਰੇ ਜ਼ਿਲ੍ਹੇ ਦੇ ਕੈਮਰਿਆਂ ਦਾ ਕੰਟਰੋਲ ਇਸ ਸਾਈਬਰ ਥਾਣੇ ਵਿਖੇ ਹੋਵੇਗਾ  । ਉਹਨਾਂ ਕਿਹਾ ਕਿ ਪਠਾਨਕੋਟ

ਤੋਂ ਲੈ ਕੇ ਫਾਜਿਲਕਾ ਤੱਕ ਸੁਰੱਖਿਆ ਨੂੰ ਪੁਖਤਾ ਕਰਨ ਦੇ ਲਈ ਵੱਡੇ ਪੱਧਰ ਤੇ ਕੰਮ ਕੀਤੇ ਜਾ ਰਹੇ ਨੇ ਅਤੇ ਹੋਰ ਸੀਸੀਟੀਵੀ ਕੈਮਰੇ ਲਗਾਏ ਜਾ ਰਹੇ ਨੇ ਉਹਨਾਂ ਦੱਸਿਆ ਕਿ ਪੰਜਾਬ ਪੁਲਿਸ ਨੂੰ ਅਪਗ੍ਰੇਡ ਕਰਨ ਦੇ ਲਈ ਥਾਣਿਆ ਵਿਖੇ ਨਵੀਆਂ ਗੱਡੀਆਂ ਦਿੱਤੀਆਂ ਜਾ ਰਹੀਆਂ ਨੇ ਤਾਂ ਜੋ ਪੰਜਾਬ ਪੁਲਿਸ ਨੂੰ ਹੋਰ ਬਿਹਤਰ ਬਣਾਇਆ ਜਾ ਸਕੇ।

---------------------------------------------------------

ਬਰਨਾਲਾ ਪੁਲਿਸ ਨੇ ਲੁਟਾਂ ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ 15 ਵਿਅਕਤੀਆਂ ਨੂੰ ਨਜਾਇਜ਼ ਅਸਲੇ ਅਤੇ ਹਥਿਆਰਾਂ ਸਮੇਤ ਕਾਬੂ ਕੀਤਾ ਏ।ਪੁਲਿਸ ਨੇ ਫੜੇ ਗਏ ਵਿਅਕਤੀਆਂ ਤੋਂ ਕੁਝ ਨਸ਼ੀਲਾ ਪਦਾਰਥ ਅਤੇ ਹੋਰ ਮਾਰੂ ਹਥਿਆਰ ਬਰਾਮਦ ਕੀਤੇ ਨੇ। ਬਰਨਾਲਾ ਦੇ SSP ਸੰਦੀਪ ਕੁਮਾਰ ਮਲਿਕ ਨੇ ਦੱਸਿਆ ਕਿ ਪੁਲਿਸ ਨੇ ਖੁਫੀਆ ਸੂਹ ਦੇ ਅਧਾਰ ਤੇ ਪੁਲਿਸ ਟੀਮਾਂ ਨੇ ਇਹਨਾਂ ਲੁਟੇਰਿਆਂ ਨੂੰ ਕਾਬੂ ਕੀਤਾ ਏ। ਉਹਨਾਂ ਕਿਹਾ ਕਿ ਲੁਧਿਆਣਾ ਤੋਂ ਸਕਰੈਪ ਦੇ ਭਰੇ ਹੋਏ ਦੋ ਟਰੱਕ ਚੋਰੀ ਹੋਣ ਦੇ ਮਾਮਲੇ ਵਿੱਚ ਸ਼ਾਮਿਲ ਤਿੰਨਾਂ ਮੁਲਜ਼ਮਾਂ ਨੂੰ ਕਾਬੂ ਕਰਕੇ ਉਹਨਾਂ ਤੋਂ ਟਰੱਕ ਅਤੇ ਸਕਰੈਪ ਵੀ ਬਰਾਮਦ ਕਰ ਲਿਆ ਗਿਆ ਏ। ਫੜੇ ਗਏ ਮੁਲਜ਼ਮਾਂ ਦਾ ਰਿਮਾਂਡ ਹਾਸਿਲ ਕੀਤਾ ਜਾ ਰਿਹਾ ਏ ਤਾਂ ਕਿ ਇਹਨਾਂ ਨਾਲ ਸ਼ਾਮਿਲ ਹੋਰ ਵੀ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਜਾ ਸਕੇ।

---------------------------------------------------------

ਜਲੰਧਰ ਦਿਹਾਤੀ ਪੁਲਿਸ ਨੇ ਵਾਹਨ ਚੋਰੀ ਖਿਲਾਫ ਸਫਲਤਾ ਹਾਸਲ ਕਰਦਿਆਂ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਕਰੀਬ 4 ਲੱਖ ਰੁਪਏ ਦੀ ਕੀਮਤ ਵਾਲੇ ਚੋਰੀ ਹੋਏ ਦੋ-ਪਹੀਆ ਵਾਹਨਾਂ ਸਮੇਤ ਇੱਕ ਅੰਤਰ-ਜ਼ਿਲ੍ਹਾ ਵਾਹਨ ਚੋਰੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕੀਤਾ ਏ। ਇਹ ਗਿਰੋਹ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਸਰਗਰਮੀ ਨਾਲ

ਵਾਰਦਾਤਾਂ ਨੂੰ ਅੰਜ਼ਾਮ ਦੇਕੇ ਦੋ-ਪਹੀਆ ਵਾਹਨਾਂ ਨੂੰ ਨਿਸ਼ਾਨਾ ਬਣਾ ਰਿਹਾ ਸੀ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਮਨਪ੍ਰੀਤ ਸਿੰਘ ਜਸਵਿੰਦਰ ਸਿੰਘ ਅਭਿਸ਼ੇਕ ਕੁਮਾਰ ਅਤੇ ਰਮਨ ਵਜੋਂ ਹੋਈ ਏ । ਐਸ.ਐਸ.ਪੀ. ਹਰਕਮਲਪ੍ਰੀਤ ਸਿੰਘ ਖੱਖ ਨੇ ਕਿਹਾ ਕਿ ਇਹ ਗ੍ਰਿਫ਼ਤਾਰੀਆਂ ਸੰਗਠਿਤ ਅਪਰਾਧ ਅਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਵਿੱਢੀ ਇੱਕ ਵਿਸ਼ੇਸ਼ ਮੁਹਿੰਮ ਤਹਿਤ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਸ ਅੰਤਰ-ਜ਼ਿਲ੍ਹਾ ਗਿਰੋਹ ਨੇ ਪੰਜਾਬ ਭਰ ਵਿੱਚ ਵਾਹਨ ਚੋਰੀ ਕਰਨ ਲਈ ਇੱਕ ਨੈੱਟਵਰਕ ਬਣਾਇਆ ਸੀ। ਐਸ.ਐਸ.ਪੀ ਨੇ ਕਿਹਾ ਕਿ ਉਨ੍ਹਾਂ ਦੀ ਗ੍ਰਿਫ਼ਤਾਰੀ ਖੇਤਰ ਵਿੱਚ ਵਾਹਨ ਚੋਰੀ ਨੂੰ ਰੋਕਣ ਲਈ ਸਾਡੇ ਚੱਲ ਰਹੇ ਯਤਨਾਂ ਵਿੱਚ ਇੱਕ ਮਹੱਤਵਪੂਰਨ ਪ੍ਰਾਪਤੀ ਏ ।

------------------------------------------------------------

ਰੂਪਨਗਰ ਵਿਚ ਦਸ਼ਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵਿਆਹ ਪੁਰਬ ਤੇ ਬਸੰਤ ਪੰਚਮੀ ਦੇ ਪਵਿੱਤਰ ਤਿਉਹਾਰ ਮੌਕੇ, ਪਿੰਡ ਸਿੰਘਪੁਰਾ ਵਿੱਖੇ ਸਲਾਨਾ ਜੋੜ ਮੇਲ ਸਮਾਗਮ ਕਰਵਾਏ ਗਏ। ਇਹਨਾ ਜੋੜ ਮੇਲ ਸਮਾਗਮਾਂ ਦੌਰਾਨ "ਗੁਰਦੁਆਰਾ ਸਿੰਘ ਸਭਾ ਸਾਹਿਬ" ਵਿਖੇ ਸ੍ਰੀ ਅਖੰਡ ਪਾਠ ਦੇ ਸੰਪੂਰਨਤਾ ਦੇ ਭੋਗ ਪਾਏ ਗਏ। ਉਪਰੰਤ ਧਾਰਮਿਕ ਸਮਾਗਮ ਸਜਾਏ ਗਏ ਜਿਸ ਵਿੱਚ ਕੀਰਤਨੀ ਜੱਥੇ ਨੇ ਸੰਗਤਾਂ ਨੂੰ ਇਲਾਹੀ ਗੁਰਬਾਣੀ ਦਾ ਕੀਰਤਨ ਸਰਵਣ ਕਰਵਾਇਆ, ਉਸ ਤੋਂ ਬਾਅਦ ਸਿੱਖ ਕੌਮ ਦੇ ਮਹਾਨ ਵਿਦਵਾਨ ਪ੍ਰਚਾਰਕ ਕਥਾ ਵਾਚਕ ਬਾਬਾ ਬੰਤਾ ਸਿੰਘ ਜੀ ਮੁੰਡਾ ਪਿੰਡ ਵਾਲੇ ਸੰਗਤਾਂ ਨੂੰ ਗੁਰਬਾਣੀ ਕਥਾ ਵਿਚਾਰਾਂ ਸਰਵਣ ਕਰਵਾਇਆ। ਇਸ ਮੌਕੇ ਸੰਗਤਾਂ ਨੇ ਵੱਡੀ ਗਿਣਤੀ ਵਿਚ ਹਾਜ਼ਰੀ ਭਰੀ ।

------------------------------------------------------------

ਪੰਜਾਬ ਸਰਕਾਰ ਵੱਲੋਂ ਦਿਵਿਆਂਗ ਵਿਅਕਤੀਆਂ ਦੀ ਭਲਾਈ ਅਤੇ ਮੁੜ ਵਸੇਬੇ ਲਈ ਵੱਡੀ

ਪੱਧਰ ਤੇ ਕੰਮ ਕੀਤੇ ਜਾ ਰਹੇ ਨੇ। ਇਸੇ ਤਹਿਤ ਅੱਜ ਪਠਾਨਕੋਟ ਸਿੱਖਿਆ ਵਿਭਾਗ ਵੱਲੋਂ ਅਲਿਮਕੋ ਦੇ ਸਹਿਯੋਗ ਨਾਲ ਦਿਵਿਆਂਗਜਨਾਂ ਨੂੰ ਮੁਫ਼ਤ ਸਹਾਇਕ ਉਪਕਰਨਾਂ ਲਈ ਮੁਫਤ ਵੰਡ ਲਈ ਸਮਾਗਮ ਕੀਤਾ ਗਿਆ। ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਮੁੱਖ ਮਹਿਮਾਨ ਵਜੋਂ ਸਮੂਲੀਅਤ ਕਰਦਿਆਂ ਕਿਹਾ ਕਿ ਪਿਛਲੇ ਦਿਨਾਂ ਵਿਚ ਦਿਵਿਆਂਗ ਵਿਅਕਤੀਆਂ ਲਈ ਸ਼ਨਾਖਤੀ ਕੈਂਪ ਲਗਾਏ ਗਏ ਸਨ ਅਤੇ ਇਨ੍ਹਾਂ ਕੈਂਪਾਂ ਦੌਰਾਨ ਸ਼ਨਾਖਤ ਕੀਤੇ ਗਏ ਦਿਵਿਯਾਂਗਜਨਾਂ ਨੂੰ ਮੁਫਤ ਉਪਕਰਣ ਵੰਡੇ ਜਾ ਰਹੇ ਹਨ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋੜਵੰਦ ਦਿਵਿਆਂਗ ਵਿਅਕਤੀਆਂ ਨੂੰ ਸਾਰੀਆਂ ਮੁਫਤ ਸਹੂਤਲਾਂ ਮੁਹੱਈਆ ਕਰਵਾਕੇ ਚੰਗੀ ਜੀਵਨ ਸੈਲੀ ਦੇਣ ਲਈ ਵਚਨਬੱਧ ਏ ਜਿਸ ਤਹਿਤ ਵੱਖ ਵੱਖ ਉਪਰਾਲੇ ਕੀਤੇ ਜਾ ਰਹੇ ਹਨ। ਉਹਨਾਂ ਦੱਸਿਆ ਕਿ ਅਲਿਮਕੋ ਵੱਲੋਂ ਜ਼ਿਲ੍ਹਾ ਪਠਾਨਕੋਟ ਦੇ ਲੋੜਵੰਦ ਦਿਵਿਆਂਗ ਵਿਅਕਤੀਆਂ ਨੂੰ ਇਸ ਸਮਾਗਮ ਵਿੱਚ 80 ਲੋੜਵੰਦ ਦਿਵਿਆਂਗ ਵਿਅਕਤੀਆਂ ਨੂੰ, 2 ਲੱਖ 50 ਹਜ਼ਾਰ ਰੁਪਏ ਦੀ ਲਾਗਤ ਨਾਲ ਬਨਾਵਟੀ ਅੰਗ ਅਤੇ ਉਪਕਰਨਾ ਦੀ ਵੰਡ ਕੀਤੀ ਗਈ।

---

ਲੁਧਿਆਣਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਹੁਨਰ ਵਿਕਾਸ ਕੇਂਦਰ ਵਲੋਂ ਪੰਜਾਬ ਦੇ ਕਿਸਾਨ ਵੀਰਾਂ ਅਤੇ ਕਿਸਾਨ ਬੀਬੀਆਂ ਲਈ ਜੈਵਿਕ ਖੇਤੀ ਸੰਬੰਧੀ ਪੰਜ ਦਿਨਾਂ ਦਾ ਸਿਖਲਾਈ ਕੋਰਸ ਕਰਵਾਇਆ ਗਿਆ। ਕੇਂਦਰ ਦੇ ਐਸੋਸੀਏਟ ਡਾਇਰੈਕਟਰ ਡਾ. ਰੁਪਿੰਦਰ ਕੌਰ ਨੇ ਦੱਸਿਆ ਕਿ ਇਸ ਕੋਰਸ ’ਚ ਲਗਭਗ 33 ਸਿਖਿਆਰਥੀਆਂ ਨੇ ਹਿੱਸਾ ਲਿਆ ਈ ਉਹਨਾਂ ਨੇ ਕਿਹਾ ਕਿ ਇਸ ਦਾ ਮੁੱਖ ਮੰਤਵ ਕਿਸਾਨ ਨੂੰ ਜੈਵਿਕ ਢੰਗਾਂ ਨਾਲ ਖੇਤੀ ਕਰਨਾ ਸਿਖਾਉਣਾ ਏ ਤਾਂ ਕਿ ਕੀਟਨਾਸ਼ਕਾਂ ਦੇ ਮਾਰੂ ਪ੍ਰਭਾਵਾਂ ਤੋਂ ਬਚਿਆ ਜਾ ਸਕੇ ਅਤੇ ਜੈਵਿਕ ਖਾਦਾਂ

ਬਣਾ ਕੇ ਇਸ ਨੂੰ ਸਹਾਇਕ ਧੰਦੇ ਵਜੋਂ ਅਪਨਾਉਣ ਲਈ ਪ੍ਰੇਰਿਤ ਕਰਨਾ ਏ । ਕੋਰਸ ਕੋਆਰਡੀਨੇਟਰ ਡਾ. ਕੁਲਵੀਰ ਕੌਰ ਨੇ ਦੱਸਿਆ ਕਿ ਇਸ ਕੋਰਸ ਵਿੱਚ ਸਿਖਿਆਰਥੀਆਂ ਨੂੰ ਜੈਵਿਕ ਖੇਤੀ ਸੰਬੰਧੀ ਮੁਕੰਮਲ ਜਾਣਕਾਰੀ ਯੂਨੀਵਰਸਿਟੀ ਦੇ ਵੱਖ-ਵੱਖ ਵਿਸ਼ਾ ਮਾਹਿਰਾਂ ਵੱਲੋਂ ਦਿੱਤੀ ਗਈ ਅਤੇ ਯੂਨੀਵਰਸਿਟੀ ਦੇ ਵਿਸ਼ਾ ਮਾਹਿਰਾਂ ਨੇ ਸਿਖਿਆਰਥੀਆਂ ਨਾਲ ਆਪਣੇ ਤਜਰਬੇ ਵੀ ਸਾਂਝੇ ਕੀਤੇ। ਡਾਇਰੈਕਟਰ, ਸਕੂਲ ਆਫ ਆਰਗੈਨਿਕ ਡਾ. ਸੋਹਣ ਸਿੰਘ ਵਾਲੀਆ ਨੇ ਜੈਵਿਕ ਖੇਤੀ ਦੇ ਮਾਪਦੰਡਾਂ ਅਤੇ ਪ੍ਰਮਾਣੀਕਰਨ ਅਤੇ ਪੰਜਾਬ ਵਿੱਚ ਕੁਦਰਤੀ ਖੇਤੀ ਦੇ ਭਵਿੱਖ ਬਾਰੇ ਲਾਹੇਵੰਦ ਜਾਣਕਾਰੀ ਸਾਂਝੀ ਕੀਤੀ। ਉਹਨਾਂ ਨੇ ਸਰਵਪੱਖੀ ਜੈਵਿਕ ਫਾਰਮ ਬਾਰੇ ਅਤੇ ਚੰਗੀਆਂ ਖੇਤੀ ਤਕਨੀਕਾਂ ਦੀ ਵਰਤੋਂ ਕਰਕੇ ਫਸਲ ਉਤਪਾਦਨ ਬਾਰੇ ਜਾਣਕਾਰੀ ਸਾਂਝੀ ਕੀਤੀ।

-----------------------------------------------

ਮੌਸਮ ਵਿਭਾਗ ਨੇ ਕਿਹਾ ਕਿ ਸੂਬੇ ਵਿਚ ਅੱਜ ਇੱਕ ਨਵੀਂ ਪੱਛਮੀ ਗੜਬੜੀ ਸਰਗਰਮ ਹੋ ਰਹੀ ਏ ਜਿਸ ਕਾਰਨ ਮੌਸਮ 'ਚ ਵੱਡਾ ਬਦਲਾਅ ਦੇਖਣ ਨੂੰ ਮਿਲ ਸਕਦਾ ਏ। ਅੰਮ੍ਰਿਤਸਰ, ਤਰਨਤਾਰਨ, ਕਪੂਰਥਲਾ, ਜਲੰਧਰ, ਲੁਧਿਆਣਾ, ਸੰਗਰੂਰ, ਪਟਿਆਲਾ ਅਤੇ ਮਾਲੇਰਕੋਟਲਾ ਵਿੱਚ ਸੰਘਣੀ ਧੁੰਦ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਮਾਲਵਾ ਖੇਤਰ ਦੇ ਕੁਝ ਇਲਾਕਿਆਂ ਵਿੱਚ ਮੀਂਹ ਪੈਣ ਦੀ ਵੀ ਸੰਭਾਵਨਾ ਏ । ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰਪਾਲ ਨੇ ਦਸਿਆ

**BYTE:**

-----------------------------------------------

ਉੱਤਰਾਖੰਡ 'ਚ ਚਲ ਰਹੀਆਂ ਰਾਸ਼ਟਰੀ ਖੇਡਾਂ'ਚ ਅੱਜ ਪੰਜਾਬ ਦੀ ਸਿਫਤ ਕੌਰ ਸਮਰਾ ਅਤੇ

ਅੰਜੁਮ ਮੁਦਗਿਲ ਨੇ 50 ਮੀਟਰ ਰਾਇਫ਼ਲ ਮੁਕਾਬਲੇ ‘ਚ ਸੋਨੇ ਅਤੇ ਚਾਂਦੀ ਦਾ ਤਮਗਾ ਜਿੱਤਿਆ ਜਦਕਿ ਵੇਟਲਿਫਟਿੰਗ ‘ਚ ਵੀ ਪੰਜਾਬ ਦੀ ਮਹਿਕ ਸ਼ਰਮਾ ਨੇ ਸੋਨ ਤਮਗਾ ਹਾਸਿਲ ਕੀਤਾ। ਕਰਨਾਟਕ ਦੇ 15 ਸਾਲਾ ਜੋਨਾਥਨ ਗੈਵਿਨ ਐਂਟਨੀ ਨੇ ਮਰਦਾਂ ਦੇ 10 ਮੀਟਰ ਏਅਰ ਪਿਸਟਲ ਮੁਕਾਬਲੇ ਵਿੱਚ ਸੋਨ ਤਮਗਾ ਜਿੱਤਿਆ। ਤਮਗਿਆਂ ਦੀ ਸੂਚੀ ਵਿੱਚ ਸਰਵਿਸਿਜ਼ 18 ਸੋਨ ਤਮਗਿਆਂ ਨਾਲ ਪਹਿਲੇ, ਕਰਨਾਟਕ 17 ਸੋਨ ਤਗ਼ਮਿਆਂ ਨਾਲ ਦੂਜੇ ਅਤੇ ਮਹਾਰਾਸ਼ਟਰ 13 ਸੋਨ ਤਮਗਿਆਂ ਨਾਲ ਤੀਜੇ ਸਥਾਨ 'ਤੇ ਰਿਹਾ। 6 ਸੋਨੇ , 7 ਚਾਂਦੀ ਅਤੇ 9 ਕਾਂਸੀ ਤੇ ਤਮਗਿਆਂ ਸਮੇਤ ਪੰਜਾਬ ਨੇ ਕੁਲ 22 ਤਮਗੇ ਜਿਤੇ ਨੇ।

---

## ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਕੇਂਦਰੀ ਰੇਲ ਮੰਤਰੀ ਨੇ ਦਸਿਆ ਏ ਕਿ ਪੰਜਾਬ ਵਿਚ 2014 ਤੋਂ ਲੈਕੇ ਹੁਣ ਤਕ 382 ਕਿਲੋਮੀਟਰ ਲੰਬੇ ਨਵੇਂ ਰੇਲ ਟ੍ਰੈਕ ਬਣਾਏ ਗਏ ਨੇ -ਇਹ ਲੰਬਾਈ ਫਿਲੀਪੀਂਨਸ ਵਿਚ ਬਣੇ, ਪੂਰੇ ਰੇਲ ਨੈਟਵਰਕ ਤੋਂ ਵੱਧ ਏ।
- ਪੰਜਾਬ ਸਰਕਾਰ ਵੱਲੋਂ ਬਜ਼ੁਰਗ ਪੈਨਸ਼ਨ ਧਾਰਕਾਂ ਨੂੰ ਪਿਛਲੇ ਸਾਲ ਦਸੰਬਰ ਮਹੀਨੇ ਤੱਕ, ਤਿੰਨ ਹਾਜ਼ਰ 368 ਕਰੋੜ 89 ਲਖ ਰੁਪਏ ਪੈਨਸ਼ਨ ਰਾਸ਼ੀ ਵੰਡੀ ਗਈ ।

- ਪੰਜਾਬ ਬਾਲ ਅਧਿਕਾਰ ਕਮਿਸ਼ਨ ਨੇ ਪਟਿਆਲਾ ਵਿਚ 10 ਸਾਲਾਂ ਬੱਚੇ 'ਤੇ ਹੋਏ ਤਸ਼ੱਦਦ ਦਾ ਗੰਭੀਰ ਨੋਟਿਸ ਲਿਆ-ਮੁਲਜ਼ਮਾਂ ਖਿਲਾਫ਼ ਸਖਤ ਕਰਵਾਈ ਦੇ ਨਿਰਦੇਸ਼ ਦਿੱਤੇ।
- ਬਰਨਾਲਾ ਪੁਲਿਸ ਨੇ ਲੁਟਾਂ ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ 15 ਮੁਲਜ਼ਮਾਂ ਨੂੰ ਨਜਾਇਜ਼ ਅਸਲੇ ਅਤੇ ਹਥਿਆਰਾਂ ਸਮੇਤ ਕਾਬੂ ਕੀਤਾ ਏ।
- ਉੱਤਰਾਖੰਡ ਵਿਚ ਚਲ ਰਹੀਆਂ ਰਾਸ਼ਟਰੀ ਖੇਡਾਂ'ਚ ਅੱਜ ਪੰਜਾਬ ਦੀ ਸਿਫਤ ਕੌਰ ਸਮਰਾ ਅਤੇ ਅੰਜੁਮ ਮੁਦਗਿਲ ਨੇ 50 ਮੀਟਰ ਰਾਇਫ਼ਲ ਮੁਕਾਬਲੇ 'ਚ ਸੋਨੇ ਅਤੇ ਚਾਂਦੀ ਦਾ ਤਮਗਾ ਜਿੱਤਿਆ ਜਦਕਿ ਵੇਟਲਿਫਟਿੰਗ 'ਚ ਵੀ ਪੰਜਾਬ ਦੀ ਮਹਿਕ ਸ਼ਰਮਾ ਨੇ ਸੋਨ ਤਮਗਾ ਹਾਸਿਲ ਕੀਤਾ।